# ਦਫਤਰ ਜਿਲ੍ਹਾ ਮੈਜਿਸਟਰੇਟ,ਰੂਪਨਗਰ।
## (ਫੁਟਕਲ ਸ਼ਾਖਾ)

ਹੁਕਮ

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ 350 ਸਾਲਾ ਪ੍ਰਕਾਸ਼ ਪੁਰਬ (ਰਾਜ ਪੱਧਰ ਤੇ) ਮਿਤੀ 24-12-2017 ਸ੍ਰੀ ਅਨੰਦਪੁਰ ਸਾਹਿਬ ਵਿਖੇ ਮਨਾਇਆ ਜਾ ਰਿਹਾ ਹੈ, ਜਿਸ ਵਿਚ ਹਜ਼ਾਰਾਂ ਦੀ ਗਿਣਤੀ ਵਿਚ ਸ਼ਰਧਾਲੂ ਆਉਣ ਦੀ ਸੰਭਾਵਨਾ ਹੈ। ਇਸ ਪ੍ਰਕਾਸ਼ ਪੁਰਬ ਦੌਰਾਨ ਅਮਨ ਕਾਨੂੰਨ ਵਿਵਸਥਾ ਅਤੇ ਲੋਕ ਹਿੱਤ ਵਿਚ ਸ਼ਾਤੀ ਬਰਕਰਾਰ ਰੱਖਣ ਅਤੇ ਮਾਹੌਲ ਦੀ ਪਵਿੱਤਰਤਾ ਨੂੰ ਮੁੱਖ ਰੱਖਦੇ ਹੋਏ ਸ੍ਰੀ ਅਨੰਦਪੁਰ ਸਾਹਿਬ ਦੇ ਤਿੰਨ ਕਿਲੋਮੀਟਰ ਦੇ ਏਰੀਏ ਅੰਦਰ ਹਰ ਕਿਸਮ ਦੀ ਸ਼ਰਾਬ ਦੇ ਠੇਕੇ/ਅਹਾਤੇ,ਸ਼ਰਾਬ ਦੇ ਭੰਡਾਰ ਰੱਖਣ,ਹੋਟਲਾਂ ਆਦਿ ਵਿਚ ਸ਼ਰਾਬ ਦੀ ਵਰਤੋਂ ਤੇ ਮਿਤੀ 24-12-2017 ਨੂੰ ਪੂਰਨ ਤੌਰ ਤੇ ਪਾਬੰਦੀ ਲਗਾਉਣੀ ਜਰੂਰੀ ਹੈ।

ਇਸ ਲਈ ਮੈ ਗੁਰਨੀਤ ਤੇਜ਼, ਆਈ.ਏ.ਐਸ.,ਜਿਲਾ ਮੈਜਿਸਟਰੇਟ,ਰੂਪਨਗਰ ਪੰਜਾਬ ਆਬਕਾਰੀ ਐਕਟ 1914 ਦੀ ਧਾਰਾ 54 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਇਸ ਹੁਕਮ ਰਾਹੀਂ ਸ੍ਰੀ ਅਨੰਦਪੁਰ ਸਾਹਿਬ ਦੇ ਤਿੰਨ ਕਿਲੋਮੀਟਰ ਦੇ ਏਰੀਏ ਅੰਦਰ ਹਰ ਕਿਸਮ ਦੀ ਸ਼ਰਾਬ ਦੇ ਠੇਕੇ/ਅਹਾਤੇ,ਸ਼ਰਾਬ ਦੇ ਭੰਡਾਰ ਰੱਖਣ,ਹੋਟਲਾਂ ਆਦਿ ਵਿਚ ਸ਼ਰਾਬ ਦੀ ਵਰਤੋਂ ਤੇ **ਮਿਤੀ 24-12-2017 ਨੂੰ ਸਵੇਰੇ 8-00 ਵਜੇ ਤੋਂ ਸ਼ਾਮ 5-00 ਵਜੇ ਤੱਕ** ਪੂਰਨ ਤੌਰ ਤੇ ਪਾਬੰਦੀ ਲਗਾਉਂਦੀ ਹਾਂ।

ਇਹ ਹੁਕਮ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਮੁੱਖ ਰੱਖਦੇ ਹੋਏ ਇੱਕ ਤਰਫਾ ਪਾਸ ਕਰਕੇ ਪਬਲਿਕ ਦੇ ਨਾਮ ਜਾਰੀ ਕੀਤਾ ਜਾਂਦਾ ਹੈ। ਇਹਨਾਂ ਹੁਕਮ ਦੀ ਲੋਕ ਸੰਪਰਕ ਅਫਸਰ,ਰੂਪਨਗਰ ਅਤੇ ਪ੍ਰੈਸ ਮੀਡੀਆ ਰਾਹੀ ਪ੍ਰਚਾਰ ਹੋਵੇ। ਇਸ ਹੁਕਮ ਦੀਆਂ ਕਾਪੀਆਂ ਨੂੰ ਇਸ ਜਿਲੇ ਦੇ ਥਾਣਿਆਂ,ਨਗਰ ਕੌਸਲਾਂ/ਨਗਰ ਪੰਚਾਇਤਾਂ/ਉਪ ਮੰਡਲ ਦਫਤਰਾਂ/ਤਹਿਸੀਲ ਦਫਤਰਾਂ ਦੇ ਨੋਟਿਸ ਬੋਰਡਾਂ ਤੇ ਚਸਪਾ ਕਰਕੇ ਲਾਗੂ ਕੀਤਾ ਜਾਵੇ। ਸੀਨੀਅਰ ਪੁਲਿਸ ਕਪਤਾਨ ਅਤੇ ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ,ਰੂਪਨਗਰ ਇਸ ਹੁਕਮ ਦੀ ਸਖਤੀ ਨਾਲ ਪਾਲਣਾ ਕਰਨੀ ਯਕੀਨੀ ਬਣਾਉਣਗੇ।

ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਅਧੀਨ ਅੱਜ ਮਿਤੀ 20-12-2017 ਨੂੰ ਜਾਰੀ ਕੀਤਾ ਗਿਆ।

ਜਿਲਾ ਮੈਜਿਸਟਰੇਟ, ਰੂਪਨਗਰ। ਸਤਯਮੇਵ ਜਯਤੇ

ਸਹੀ/-
ਜਿਲਾ ਮੈਜਿਸਟਰੇਟ,
ਰੂਪਨਗਰ।

ਪਿੱਠ ਅੰਕਣ ਨੰ: 27602-51 /ਫਸ-1 ਮਿਤੀ 20/12/17

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ,ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ,ਪੰਜਾਬ,ਚੰਡੀਗੜ੍ਹ।
3. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
4. ਡੀ.ਆਈ.ਜੀ., ਰੂਪਨਗਰ ਰੇਂਜ, ਰੂਪਨਗਰ।
5. ਡੀ.ਆਈ.ਜੀ., ਸੀ.ਆਈ.ਡੀ., ਪੰਜਾਬ, ਚੰਡੀਗੜ੍ਹ।
6. ਸਮੂਹ ਜਿਲ੍ਹਾ ਮੈਜਿਸਟਰੇਟ, ਅਜੀਤਗੜ੍ਹ (ਮੋਹਾਲੀ), ਪਟਿਆਲਾ, ਫਤਿਹਗੜ੍ਹ ਸਾਹਿਬ, ਸੰਗਰੂਰ ਬਰਨਾਲਾ, ਬਠਿੰਡਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਫਿਰੋਜਪੁਰ, ਮਾਨਸਾ, ਮੋਗਾ, ਲੁਧਿਆਣਾ,ਜਲੰਧਰ, ਕਪੂਰਥਲਾ, ਤਰਨਤਾਰਨ, ਅਮ੍ਰਿਤਸਰ, ਗੁਰਦਾਸਪੁਰ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ), ਫਾਜਿਲਕਾ, ਪਠਾਨਕੋਟ।
7. ਡਾਇਰੈਕਟਰ, ਆਲ ਇੰਡੀਆ ਰੇਡੀਓ, ਜਲੰਧਰ।
8. ਸੀਨੀਅਰ ਪੁਲਿਸ ਕਪਤਾਨ, ਰੂਪਨਗਰ (20 ਕਾਪੀਆਂ)
9. ਜਿਲ੍ਹਾ ਸੈਸ਼ਨ ਜੱਜ,ਰੂਪਨਗਰ।
10. ਉਪ ਮੰਡਲ ਮੈਜਿਸਟਰੇਟ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀ ਆਨੰਦਪੁਰ ਸਾਹਿਬ/ਨੰਗਲ/ਮੋਰਿੰਡਾ ।
11. ਜਿਲਾ ਲੋਕ ਸੰਪਰਕ ਅਫਸਰ,ਰੂਪਨਗਰ (20 ਕਾਪੀਆਂ)
12. ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ,ਰੂਪਨਗਰ।
13. ਤਹਿਸੀਲਦਾਰ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀ ਆਨੰਦਪੁਰ ਸਾਹਿਬ/ਨੰਗਲ/ਮੋਰਿੰਡਾ
14. ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਰੂਪਨਗਰ/ਸ੍ਰੀ ਆਨੰਦਪੁਰ ਸਾਹਿਬ/ਨੂਰਪੁਰ ਬੇਦੀ/ਸ੍ਰੀ ਚਮਕੌਰ ਸਾਹਿਬ/ ਮੋਰਿੰਡਾ।
15. ਕਾਰਜ ਸਾਧਕ ਅਫਸਰ, ਨਗਰ ਕੌਸ਼ਲ, ਰੂਪਨਗਰ/ਮੋਰਿੰਡਾ/ ਸ੍ਰੀ ਆਨੰਦਪੁਰ ਸਾਹਿਬ/ਨੰਗਲ
16. ਕਾਰਜ ਸਾਧਕ ਅਫਸਰ ਨਗਰ ਪੰਚਾਇਤ ਸ੍ਰੀ ਚਮਕੌਰ ਸਾਹਿਬ/ਕੀਰਤਪੁਰ ਸਾਹਿਬ
17. ਜਿਲਾ ਸੂਚਨਾ ਅਫਸਰ,ਰੂਪਨਗਰ।
18. ਪੀ.ਏ. ਟੂ ਡੀ.ਐਮ.,/ਏ.ਡੀ.ਐਮ., ਰੂਪਨਗਰ।

ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸਹਾਇਕ ਕਮਿਸ਼ਨਰ(ਜ)
ਵਾ: ਜਿਲਾ ਮੈਜਿਸਟਰੇਟ,
ਰੂਪਨਗਰ। 20/12/17